ੴ ਸਤਿਗੁਰ ਪ੍ਰਸਾਦਿ ।।

# ਸ੍ਰੀ ਅਕਾਲ ਤਖਤ ਸਾਹਿਬ

## ਵਿਖੇ ਪ੍ਰੋ. ਦਰਸ਼ਨ ਸਿੰਘ ਖ਼ਾਲਸਾ ਦਾ ਹਾਜ਼ਰ ਹੋਣਾ ਪਰ ਫਿਰ ਵੀ ਉਨ੍ਹਾਂ ਨੂੰ ਇਹ ਕਹਿ ਕੇ ਪੰਥ ਵਿੱਚੋਂ ਛੇਕ ਦੇਣਾ ਕਿ ਉਹ ਅਕਾਲ ਤਖ਼ਤ ਸਾਹਿਬ 'ਤੇ ਹਾਜ਼ਰ ਨਹੀਂ ਹੋਏ।

## ਆਖਰ ਇਹ ਕਿਸ ਸਾਜਿਸ਼ ਅਧੀਨ ਕੀਤਾ ਗਿਆ ?

## ਸੰਗਤ ਹੁਣ ਫੈਸਲਾ ਕਰੇ ... ?

ੴ ਵਾਹਿਗੁਰੂ ਜੀ ਕੀ ਫ਼ਤਹ ॥

### ਸ੍ਰੀ ਅਕਾਲ ਤਖ਼ਤ ਸਾਹਿਬ

Sri Akal Takhat Sahib, Sri Amritsar (Pb.) India

ਨੰਬਰ ...3/09/3490 ਮਿਤੀ 17-11-2009

**ਅੱਜ ਮਿਤੀ 4 ਮੱਘਰ, ਸੰਮਤ ਨਾਨਕਸ਼ਾਹੀ 541 (17 ਨਵੰਬਰ 2009) ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਪੰਜ ਸਿੰਘ ਸਾਹਿਬਾਨ ਦੀ ਇਕੱਤਰਤਾ ਵਿੱਚ ਪ੍ਰਵਾਨ ਕੀਤਾ**

**ਮਤਾ ਨੰਬਰ 10**

ਗੁਰਦੁਆਰਾ ਸਾਹਿਬ ਰੋਚੈਸਟਰ, ਨਿਊਯਾਰਕ (ਯੂ.ਐਸ.ਏ.) ਵਿਖੇ ਕੀਰਤਨ ਦੌਰਾਨ ਤੁਹਾਡੇ ਵਲੋਂ ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਸਬੰਧੀ ਕੀਤੀਆਂ ਘੱਟੀਆ ਟਿੱਪਣੀਆਂ ਕਾਰਨ ਦੇਸ਼-ਵਿਦੇਸ਼ ਦੀਆਂ ਸੰਗਤਾਂ ਦੇ ਹਿਰਦੇ ਵਲੂੰਧਰੇ ਗਏ ਹਨ। ਇਸ ਸਬੰਧੀ ਦੇਸ਼-ਵਿਦੇਸ਼ ਦੀਆਂ ਸੰਗਤਾਂ ਵਲੋਂ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਲਿਖਤੀ, ਟੈਲੀਫੋਨ ਰਾਹੀਂ ਅਤੇ ਸਬੰਧਤ ਟਿੱਪਣੀਆਂ ਵਾਲੀਆਂ ਸੀਡੀਜ਼ ਭੇਜ ਕੇ ਤੁਹਾਡੇ ਵਿਰੁੱਧ ਕਾਰਵਾਈ ਕਰਨ ਦੀ ਮੰਗ ਕੀਤੀ ਗਈ ਹੈ। ਇਸ ਲਈ ਤੁਹਾਨੂੰ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਬਾਰੇ ਇਤਰਾਜ਼ਯੋਗ ਟਿੱਪਣੀਆਂ ਦੇ ਸਪੱਸ਼ਟੀਕਰਨ ਦੇਣ ਹਿੱਤ ਨਿੱਜੀ ਤੌਰ ਤੇ ਸ੍ਰੀ ਅਕਾਲ ਤਖ਼ਤ ਸਾਹਿਬ, ਸ੍ਰੀ ਅੰਮ੍ਰਿਤਸਰ ਵਿਖੇ ਮਿਤੀ 22 ਮੱਘਰ, ਸੰਮਤ ਨਾਨਕਸ਼ਾਹੀ 541 ਮੁਤਾਬਕ 5-12-2009 ਨੂੰ ਦੁਪਹਿਰ 12-00 ਵਜੇ ਹਾਜ਼ਰ ਹੋਣ ਲਈ ਆਦੇਸ਼ ਦਿੱਤਾ ਜਾਂਦਾ ਹੈ। ਇਸ ਦੇ ਨਾਲ ਹੀ ਦੇਸ਼-ਵਿਦੇਸ਼ ਦੀਆਂ ਸਮੂੰਹ ਸੰਗਤਾਂ ਤੇ ਗੁਰੂ-ਘਰਾਂ ਦੀਆਂ ਪ੍ਰਬੰਧਕ ਕਮੇਟੀਆਂ, ਸਭਾ-ਸੁਸਾਇਟੀਆਂ ਨੂੰ ਆਦੇਸ਼ ਦਿੱਤਾ ਜਾਂਦਾ ਹੈ ਕਿ ਜਦੋਂ ਤੱਕ ਪ੍ਰੋਫੈਸਰ ਦਰਸ਼ਨ ਸਿੰਘ ਵਲੋਂ ਦਸਮ ਪਿਤਾ ਬਾਰੇ ਬੋਲੇ ਗਏ ਕੂੜ-ਕੁਫਰ ਪ੍ਰਚਾਰ ਸਬੰਧੀ ਸਪੱਸ਼ਟੀਕਰਨ ਨਹੀਂ ਦਿੱਤਾ ਜਾਂਦਾ, ਉਦੋਂ ਤੱਕ ਉਸ ਦੇ ਕਿਸੇ ਵੀ ਧਾਰਮਿਕ ਸਟੇਜ ਤੋਂ ਕਥਾ-ਕੀਰਤਨ ਕਰਨ ਅਤੇ ਬੋਲਣ 'ਤੇ ਪੂਰਨ ਤੌਰ ਤੇ ਪਾਬੰਦੀ ਲਗਾਈ ਜਾਂਦੀ ਹੈ।

( ਗੁਰਬਚਨ ਸਿੰਘ )
ਜਥੇਦਾਰ,
ਸ੍ਰੀ ਅਕਾਲ ਤਖ਼ਤ ਸਾਹਿਬ।

## ਪ੍ਰੋ. ਦਰਸ਼ਨ ਸਿੰਘ ਖ਼ਾਲਸਾ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ 5 ਦਸੰਬਰ 2009 ਨੂੰ ਹਾਜ਼ਰ ਹੋਣ ਲਈ ਕਿਹਾ ਗਿਆ।









5 ਦਸੰਬਰ 2009 ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਸੰਗਤਾਂ ਅਤੇ ਮੀਡੀਏ ਦੇ ਸਾਹਮਣੇ ਹਾਜ਼ਰੀ ਭਰ ਕੇ ਸਪੱਸ਼ਟੀਕਰਨ ਭੇਟ ਕਰਦੇ ਹੋਏ ਪ੍ਰੋ. ਦਰਸ਼ਨ ਸਿੰਘ ਖ਼ਾਲਸਾ।

ੴ ਵਾਹਿਗੁਰੂ ਜੀ ਕੀ ਫ਼ਤਹ ॥

# ਸ੍ਰੀ ਅਕਾਲ ਤਖ਼ਤ ਸਾਹਿਬ

Sri Akal Takhat Sahib, Sri Amritsar (Pb.) India

ਨੰਬਰ ਅ:3/09/3528 ਮਿਤੀ 5-12-2009

**ਆਦੇਸ਼**

ਸ੍ਰੀ ਅਕਾਲ ਤਖ਼ਤ ਸਾਹਿਬ 'ਤੇ ਗੁਰੂ-ਪੰਥ ਦੇ ਪ੍ਰਤੀਨਿਧ ਪੰਜ ਸਿੰਘ ਸਾਹਿਬਾਨ ਦੀ ਇਕੱਤਰਤਾ ਪ੍ਰੋਫੈਸਰ ਦਰਸ਼ਨ ਸਿੰਘ ਜੀ ਸਾਬਕਾ ਜਥੇਦਾਰ, ਸ੍ਰੀ ਅਕਾਲ ਤਖ਼ਤ ਸਾਹਿਬ ਵਲੋਂ ਸਾਹਿਬੇ-ਕਮਾਲ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਸਬੰਧੀ, ਗੁਰਦੁਆਰਾ ਸਾਹਿਬ ਰੋਚੈਸਟਰ, ਨਿਊਯਾਰਕ (ਯੂ.ਐਸ.ਏ.) ਵਿਖੇ ਕੀਤੀਆਂ ਘਟੀਆ ਨਿੰਦਾਯੋਗ ਟਿੱਪਣੀਆਂ ਬਾਰੇ ਸਪੱਸ਼ਟੀਕਰਨ ਲੈਣ ਸਬੰਧੀ ਕੀਤੀ ਗਈ। ਪ੍ਰੋਫੈਸਰ ਦਰਸ਼ਨ ਸਿੰਘ ਨੂੰ ਅੱਜ 22 ਮੱਘਰ, ਸੰਮਤ ਨਾਨਕਸ਼ਾਹੀ, 541 ਮੁਤਾਬਿਕ 5 ਦਸੰਬਰ,2009 ਨੂੰ ਸ੍ਰੀ ਅਕਾਲ ਤਖ਼ਤ ਸਾਹਿਬ 'ਤੇ ਨਿੱਜੀ ਰੂਪ 'ਚ ਹਾਜ਼ਰ ਹੋ ਕੇ ਸਪੱਸ਼ਟੀਕਰਣ ਦੇਣ ਲਈ ਜਥੇਦਾਰ, ਸ੍ਰੀ ਅਕਾਲ ਤਖ਼ਤ ਸਾਹਿਬ ਵਲੋਂ ਤਾਕੀਦ ਕੀਤੀ ਗਈ ਸੀ। ਪੰਜ ਸਿੰਘ ਸਾਹਿਬ ਦਿੱਤੇ ਸਮੇਂ 'ਤੇ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਹਾਜ਼ਰ ਹੋ ਕੇ ਇੰਤਜ਼ਾਰ ਕਰਦੇ ਰਹੇ ਪਰ ਅਖੌਤੀ ਪ੍ਰੋਫੈਸਰ ਦਰਸ਼ਨ ਸਿੰਘ ਨੇ ਨਿੱਜੀ ਹਉਮੈ-ਹੰਕਾਰ ਤੇ ਖੁਦਗਰਜੀ ਦਾ ਪ੍ਰਗਟਾ ਕਰਕੇ ਪੰਜ ਸਿੰਘ ਸਾਹਿਬਾਨ ਦੇ ਪੇਸ਼ ਨਹੀਂ ਹੋਇਆ ਜੋ ਕਿ ਗੁਰੂ-ਪੰਥ ਦੇ ਸਰਵਉੱਚ ਅਸਥਾਨ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਮਾਣ-ਮਰਯਾਦਾ ਤੇ ਸਿਧਾਂਤ ਦੀ ਘੋਰ ਉਲੰਘਣਾ ਹੈ। ਇਸ ਕਾਰਨ ਗੁਰੂ-ਨਿੰਦਕ ਪ੍ਰੋ: ਦਰਸ਼ਨ ਸਿੰਘ ਰਾਗੀ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਤਨਖਾਹੀਆ ਕਰਾਰ ਦਿੱਤਾ ਜਾਂਦਾ ਹੈ। ਜਦੋਂ ਤੱਕ ਪ੍ਰੋ: ਦਰਸ਼ਨ ਸਿੰਘ ਸ੍ਰੀ ਅਕਾਲ ਤਖ਼ਤ ਸਾਹਿਬ 'ਤੇ ਨਿੱਜੀ ਰੂਪ ਵਿੱਚ ਹਾਜ਼ਰ ਹੋ ਕੇ ਤਨਖਾਹ ਨਹੀਂ ਲਗਵਾ ਲੈਂਦਾ ਉਸ ਸਮੇਂ ਤੀਕ ਇਸ ਨੂੰ ਕਿਸੇ ਧਾਰਮਿਕ ਸਮਾਗਮ, ਗੁਰਦੁਆਰੇ, ਸਭਾ-ਸੁਸਾਇਟੀ 'ਚ ਸਮਾਂ ਅਤੇ ਸਹਿਯੋਗ ਨਾਂ ਦਿੱਤਾ ਜਾਵੇ। 7 ਜਨਵਰੀ,2010 ਤੀਕ ਜੇਕਰ ਪ੍ਰੋ: ਦਰਸ਼ਨ ਸਿੰਘ ਗੁਰੂ-ਪੰਥ ਦੇ ਹੁਕਮ ਨੂੰ ਸਵੀਕਾਰਦਿਆਂ ਨਿੱਜੀ ਰੂਪ ਵਿੱਚ ਪੇਸ਼ ਹੋ ਕੇ ਤਨਖਾਹ ਨਹੀਂ ਲਗਵਾ ਲੈਂਦਾ ਤਾਂ ਪੰਥਕ ਰਵਾਇਤਾਂ ਅਨੁਸਾਰ ਸਖ਼ਤ ਕਾਰਵਾਈ ਕੀਤੀ ਜਾਵੇਗੀ। ਸਮੂਹ ਸਿੱਖ ਸੰਗਤਾਂ ਨੂੰ ਆਦੇਸ਼ ਦਿੱਤਾ ਜਾਂਦਾ ਹੈ ਕਿ ਗੁਰੂ-ਪੰਥ ਵਲੋਂ ਹੋਏ ਇਸ ਆਦੇਸ਼ ਦੀ ਸਖ਼ਤੀ ਨਾਲ ਪਾਲਣਾ ਕੀਤੀ ਜਾਵੇ।

( ਇਕਬਾਲ ਸਿੰਘ)
ਜਥੇਦਾਰ ਤਖ਼ਤ ਸ੍ਰੀ ਹਰਿਮੰਦਿਰ ਜੀ,
ਪਟਨਾ ਸਾਹਿਬ (ਬਿਹਾਰ)

( ਗੁਰਬਚਨ ਸਿੰਘ )
ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ,
ਸ੍ਰੀ ਅੰਮ੍ਰਿਤਸਰ।

( ਤਰਲੋਚਨ ਸਿੰਘ )
ਜਥੇਦਾਰ
ਤਖ਼ਤ ਸ੍ਰੀ ਕੇਸਗੜ੍ਹ ਸਾਹਿਬ,
ਸ੍ਰੀ ਅਨੰਦਪੁਰ ਸਾਹਿਬ।

( ਬਲਵੰਤ ਸਿੰਘ )
ਜਥੇਦਾਰ
ਤਖ਼ਤ ਸ੍ਰੀ ਦਮਦਮਾ ਸਾਹਿਬ,
ਤਲਵੰਡੀ ਸਾਬੋ (ਬਠਿੰਡਾ)।

( ਪ੍ਰਤਾਪ ਸਿੰਘ )
ਹੈਡ ਗ੍ਰੰਥੀ,
ਤਖ਼ਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ,
ਨਾਂਦੇੜ (ਮਹਾਂਰਾਸ਼ਟਰ)

ਫ਼ੋਨ/ਫੈਕਸ ਦਫ਼ਤਰ : 91-183-2540820, ਪੀ.ਬੀ.ਐਕਸ : 91-183-2553957, 58, 59 ਐਕਸਟੈਨਸ਼ਨ : ਦਫ਼ਤਰ 434

ੴ ਵਾਹਿਗੁਰੂ ਜੀ ਕੀ ਫ਼ਤਹ ॥

# ਸ੍ਰੀ ਅਕਾਲ ਤਖ਼ਤ ਸਾਹਿਬ

Sri Akal Takhat Sahib, Sri Amritsar (Pb.) India

ਨੰਬਰ ਅ:3/10/3677. ਮਿਤੀ 29-1-2010

**ਹੁਕਮਨਾਮਾ**

ਅਖੌਤੀ ਪ੍ਰੋਫੈਸਰ ਦਰਸ਼ਨ ਸਿੰਘ ਰਾਗੀ ਵੱਲੋਂ ਗੁਰਦੁਆਰਾ ਸਾਹਿਬ ਰੋਚੈਸਟਰ, ਨਿਊਯਾਰਕ (ਯੂ.ਐਸ.ਏ.) ਵਿਖੇ ਕੀਰਤਨ ਦੌਰਾਨ, ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਸਬੰਧੀ ਕੀਤੀਆਂ ਘਟੀਆ ਟਿੱਪਣੀਆਂ ਬਾਰੇ ਸਪੱਸ਼ਟੀਕਰਨ ਦੇਣ ਲਈ 22 ਮੱਘਰ ਸੰਮਤ ਨਾਨਕਸ਼ਾਹੀ 541 (5 ਦਿਸੰਬਰ 2009), 25 ਪੋਹ ਸੰਮਤ ਨਾਨਕਸ਼ਾਹੀ 541 (7 ਜਨਵਰੀ 2010) ਅਤੇ 17 ਮਾਘ ਸੰਮਤ ਨਾਨਕਸ਼ਾਹੀ 541 (29 ਜਨਵਰੀ,2010) ਨੂੰ ਸ੍ਰੀ ਅਕਾਲ ਤਖ਼ਤ ਸਾਹਿਬ 'ਤੇ ਨਿੱਜੀ ਰੂਪ 'ਚ ਹਾਜ਼ਰ ਹੋਣ ਦਾ ਆਦੇਸ਼ ਦਿੱਤਾ ਗਿਆ ਸੀ ਪ੍ਰੰਤੂ ਦਰਸ਼ਨ ਸਿੰਘ ਨਿੱਜੀ ਹਉਮੈ, ਖੁਦਗਰਜੀ ਤੇ ਹੰਕਾਰ ਵੱਸ ਗੁਰੂ-ਗ੍ਰੰਥ ਤੇ ਗੁਰੂ-ਪੰਥ ਤੋਂ ਆਕੀ ਹੋ ਸ੍ਰੀ ਅਕਾਲ ਤਖ਼ਤ ਸਾਹਿਬ 'ਤੇ ਪੰਜ ਸਿੰਘ ਸਾਹਿਬਾਨ ਦੇ ਸਨਮੁਖ ਹਾਜ਼ਰ ਹੋਣ ਤੋਂ ਮੁਨਕਰ ਹੋ ਗਿਆ ਹੈ।

ਸੰਗਤਾਂ ਨੂੰ ਵਿਦਿਤ ਹੋਵੇ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ 26 ਪੋਹ ਸੰਮਤ ਨਾਨਕਸ਼ਾਹੀ 539 (8 ਜਨਵਰੀ 2007) ਰਾਹੀਂ ਦਰਸ਼ਨ ਸਿੰਘ ਰਾਗੀ ਵਲੋਂ ਕੀਤੇ ਜਾ ਰਹੇ ਗੁੰਮਰਾਹਕੁੰਨ ਪ੍ਰਚਾਰ ਤੋਂ ਸਿੱਖ ਸੰਗਤਾਂ ਨੂੰ ਸੁਚੇਤ ਰਹਿਣ ਦਾ ਆਦੇਸ਼ ਜਾਰੀ ਕੀਤਾ ਗਿਆ ਸੀ ਅਤੇ ਇਨ੍ਹਾਂ ਨੂੰ ਤੱਥ-ਰਹਿਤ, ਝੂਠੀ ਤੇ ਗੁੰਮਰਾਹਕੁੰਨ ਬਿਆਨਬਾਜੀ ਨਾ ਕਰਨ ਦੀ ਨਸੀਹਤ ਦਿੱਤੀ ਗਈ ਸੀ। ਇਸ ਤੋਂ ਇਲਾਵਾ 23 ਜੇਠ ਸੰਮਤ ਨਾਨਕਸ਼ਾਹੀ 540 (6 ਜੂਨ 2008) ਰਾਹੀਂ ਵੀ ਇਨ੍ਹਾਂ ਨੂੰ ਪੰਥ ਵਿੱਚ ਦੁਬਿਧਾ ਪੈਦਾ ਕਰਨ ਵਾਲੇ ਮਸਲਿਆਂ ਬਾਰੇ ਸਟੇਜਾਂ, ਗੁਰਮਤਿ ਸਮਾਗਮਾਂ ਅਤੇ ਮੀਡੀਆ ਰਾਹੀਂ ਦੁਬਿਧਾ ਪੈਦਾ ਕਰਨ ਵਾਲੀ ਕੋਈ ਕਾਰਵਾਈ ਨਾ ਕਰਨ ਦਾ ਪਿਆਰ ਭਰਿਆ ਸੰਦੇਸ਼ ਦਿੱਤਾ ਗਿਆ ਸੀ। ਪਰ ਦਰਸ਼ਨ ਸਿੰਘ ਰਾਗੀ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਵਲੋਂ ਜਾਰੀ ਕੀਤੇ ਆਦੇਸ਼ਾਂ/ਸੰਦੇਸ਼ਾਂ 'ਤੇ ਕੋਈ ਅਮਲ ਕਰਨ ਦੀ ਬਜਾਏ ਸਿੱਖ ਪੰਥ ਵਿੱਚ ਦੁਬਿਧਾ ਪੈਦਾ ਕਰਨ ਤੇ ਫੁੱਟ ਪਾਉਣ ਵਾਲੀਆਂ ਕਾਰਵਾਈਆਂ ਨਿਰੰਤਰ ਜਾਰੀ ਰੱਖੀਆਂ। ਇਥੋਂ ਤੱਕ ਕਿ ਸਿੰਘ ਸਾਹਿਬਾਨਾਂ ਪ੍ਰਤੀ ਮੱਸੇ ਰੰਗੜ ਨਾਲ ਤੁਲਨਾ ਕਰਨ ਵਾਲੀ ਬਹੁਤ ਹੀ ਘਟੀਆ ਤੇ ਇਤਰਾਜਯੋਗ ਸ਼ਬਦਾਵਲੀ ਦੀ ਵਰਤੋਂ ਆਪਣੇ ਪੱਤਰਾਂ ਵਿੱਚ ਕੀਤੀ।

ਪੰਜ ਸਿੰਘ ਸਾਹਿਬਾਨ ਵਲੋਂ ਇਨਾਂ ਸਾਰੇ ਹਾਲਾਤਾਂ 'ਤੇ ਦੀਰਘ ਵਿਚਾਰ ਉਪਰੰਤ ਦਰਸ਼ਨ ਸਿੰਘ ਰਾਗੀ ਨੂੰ ਗੁਰੂ ਨਿੰਦਕ ਅਤੇ ਗੁਰੂ-ਪੰਥ ਤੋਂ ਆਕੀ ਹੋਣ ਕਰਕੇ ਸਿੱਖ ਪੰਥ 'ਚੋਂ ਛੇਕਿਆ ਜਾਂਦਾ ਹੈ। ਦਰਸ਼ਨ ਸਿੰਘ ਰਾਗੀ ਨੂੰ ਸਿੱਖ ਪੰਥ ਵਿੱਚ ਰਹਿਣ ਦੇ ਮਾਣ ਤੋਂ ਬਾਹਰ ਹੋਣ ਕਾਰਨ ਉਸ ਨੂੰ ਹੁਣ ਸਿੱਖ ਹੋਣ ਦੇ ਹੱਕ-ਹਕੂਕ ਨਸੀਬ ਨਹੀਂ ਹੋਣਗੇ। ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਗੁਰੂ ਤੇ ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਨੂੰ ਗੁਰੂ-ਪਿਤਾ ਸਵੀਕਾਰਨ ਤੇ ਸਤਿਕਾਰਨ ਵਾਲੇ ਸਮੂੰਹ ਗੁਰੂ ਨਾਨਕ ਨਾਮ ਲੇਵਾ ਗੁਰਸਿੱਖਾਂ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਆਦੇਸ਼ ਦਿੱਤਾ ਜਾਂਦਾ ਹੈ ਕਿ ਦਰਸ਼ਨ ਸਿੰਘ ਰਾਗੀ ਨਾਲ ਰੋਟੀ-ਬੇਟੀ ਦੀ ਸਾਂਝ ਨਾ ਰੱਖਣ।

ਦੇਸ਼-ਵਿਦੇਸ਼ ਦੀਆਂ ਸਮੂੰਹ ਸੰਗਤਾਂ ਨੂੰ ਆਦੇਸ਼ ਦਿੱਤਾ ਜਾਂਦਾ ਹੈ ਕਿ ਦਰਸ਼ਨ ਸਿੰਘ ਰਾਗੀ ਜਾਂ ਉਸ ਦੇ ਕਿਸੇ ਵੀ ਹਮਾਇਤੀ ਨੂੰ ਸਿੱਖ ਸਟੇਜ ਉਤੇ ਬੋਲਣ ਦੀ ਆਗਿਆ ਨਾ ਦਿੱਤੀ ਜਾਵੇ ਅਤੇ ਨਾ ਹੀ ਕਿਸੇ ਕਿਸਮ ਦਾ ਕੋਈ ਸਹਿਯੋਗ ਦਿੱਤਾ ਜਾਵੇ। ਅਜਿਹੀ ਭੁੱਲ ਕਰਨ ਵਾਲਾ ਗੁਰੂ-ਪੰਥ ਦਾ ਦੇਣਦਾਰ ਤਨਖਾਹੀਆ ਹੋਵੇਗਾ।

( ਇਕਬਾਲ ਸਿੰਘ)
ਜਥੇਦਾਰ ਤਖ਼ਤ ਸ੍ਰੀ ਹਰਿਮੰਦਿਰ ਜੀ,
ਪਟਨਾ ਸਾਹਿਬ (ਬਿਹਾਰ)

( ਗੁਰਬਚਨ ਸਿੰਘ )
ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ,
ਸ੍ਰੀ ਅੰਮ੍ਰਿਤਸਰ।

( ਤਰਲੋਚਨ ਸਿੰਘ )
ਜਥੇਦਾਰ
ਤਖ਼ਤ ਸ੍ਰੀ ਕੇਸਗੜ੍ਹ ਸਾਹਿਬ,
ਸ੍ਰੀ ਅਨੰਦਪੁਰ ਸਾਹਿਬ।

( ਬਲਵੰਤ ਸਿੰਘ )
ਜਥੇਦਾਰ,
ਤਖ਼ਤ ਸ੍ਰੀ ਦਮਦਮਾ ਸਾਹਿਬ,
ਤਲਵੰਡੀ ਸਾਬੋ (ਬਠਿੰਡਾ)।

( ਜੋਤਿੰਦਰ ਸਿੰਘ )
ਮੀਤ ਜਥੇਦਾਰ,
ਤਖ਼ਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ,
ਨਾਂਦੇੜ (ਮਹਾਂਰਾਸ਼ਟਰ)।

17 ਮਾਘ ਸੰਮਤ ਨਾਨਕਸ਼ਾਹੀ 541
ਮੁਤਾਬਿਕ 29 ਜਨਵਰੀ,2010

ਫ਼ੋਨ/ਫੈਕਸ ਦਫ਼ਤਰ : 91-183-2540820, ਪੀ.ਬੀ.ਐਕਸ : 91-183-2553957, 58, 59 ਐਕਸਟੈਨਸ਼ਨ : ਦਫ਼ਤਰ 434

5 ਦਸੰਬਰ 2009 ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਕਰੀਬ ਇੱਕ ਘੰਟਾ ਬੈਠ ਕੇ ਪ੍ਰੋ. ਦਰਸ਼ਨ ਸਿੰਘ ਖ਼ਾਲਸਾ ਆਪਣਾ ਸਪਸ਼ਟੀਕਰਨ ਗੁਰੂ ਸਾਹਿਬ ਨੂੰ ਭੇਟ ਕਰ ਆਏ ਜਦੋਂ ਕੋਈ ਜੱਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ 'ਤੇ ਨਹੀਂ ਆਏ ਅਤੇ ਆਪਣੇ ਕਮਰੇ ਵਿੱਚ ਹੀ ਬੈਠੇ ਰਹੇ। ਫਿਰ ਤਕਰੀਬਨ ਦੋ ਘੰਟਿਆਂ ਬਾਅਦ ਜੱਥੇਦਾਰਾਂ ਨੇ ਸ੍ਰੀ ਅਕਾਲ ਤਖ਼ਤ ਸਾਹਿਬ 'ਤੇ ਆ ਕੇ ਸਾਫ ਝੂਠ ਬੋਲਿਆ ਕਿ ਪ੍ਰੋ. ਸਾਹਿਬ ਨੂੰ ਤਖ਼ਤ ਸਾਹਿਬ 'ਤੇ ਹਾਜ਼ਰ ਨਾ ਹੋਣ ਕਰਕੇ ਤਨਖਾਹੀਆ ਕਰਾਰ ਕੀਤਾ ਜਾਂਦਾ ਹੈ ਅਤੇ ਬਾਅਦ ਵਿੱਚ ਇਹ ਕਹਿ ਕੇ ਹੀ ਪੰਥ ਵਿੱਚੋਂ ਛੇਕ ਦਿੱਤਾ ਗਿਆ ਕਿ ਉਹ ਸ੍ਰੀ ਅਕਾਲ ਤਖ਼ਤ ਸਾਹਿਬ 'ਤੇ ਹਾਜ਼ਰ ਨਾ ਹੋਣ ਕਰਕੇ ਤਨਖਾਹੀਆ ਹਨ ਅਤੇ ਤਨਖਾਹ ਲੁਆਉਣ 7 ਜਨਵਰੀ ਨੂੰ ਹਾਜ਼ਰ ਨਹੀਂ ਹੋਏ।

ਪ੍ਰੋ. ਸਾਹਿਬ ਨੂੰ ਕਿਸੇ ਕਥਿਤ ਗੁਰੂ ਬੇਅਦਬੀ ਕਰਕੇ ਨਹੀਂ ਬਲਕਿ ਜੱਥੇਦਾਰਾਂ ਦੇ 'ਬੰਦ ਕਮਰਾ ਅਕਾਲ ਤਖ਼ਤ' ਉੱਤੇ ਹਾਜ਼ਰ ਨਾ ਹੋਣ ਕਰਕੇ ਪੰਥ ਵਿੱਚੋਂ ਛੇਕ ਦਿੱਤਾ ਗਿਆ।

# ਸੰਗਤ ਫੈਸਲਾ ਕਰੇ ਕਿ ਕਿਹੜਾ ਅਕਾਲ ਤਖ਼ਤ ਹੈ ?


ਗੁਰੂ ਹਰਿਗੋਬਿੰਦ ਪਾਤਸ਼ਾਹ ਜੀ ਦਾ ਅਕਾਲ ਤਖ਼ਤ ਅਸਥਾਨ
ਜਿੱਥੇ ਪ੍ਰੋ. ਦਰਸ਼ਨ ਸਿੰਘ ਜੀ ਪੇਸ਼ ਹੋਏ

**ਸੱਚ ਨੂੰ ਪਰਖਣ ਦੀ ਲੋੜ**



ਜੱਥੇਦਾਰਾਂ ਦਾ ਬੰਦ ਕਮਰਾ ਅਕਾਲ ਤਖ਼ਤ

## 6 ਜੂਨ 2008 ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਦਾ ਦਸਮ ਗ੍ਰੰਥ ਸਬੰਧੀ ਹੁਕਮਨਾਮਾ ਕਿ ਇਸਦਾ ਪ੍ਰਕਾਸ਼ ਗੁਰੂ ਗ੍ਰੰਥ ਸਾਹਿਬ ਦੇ ਬਰਾਬਰ ਨਹੀਂ ਕੀਤਾ ਜਾ ਸਕਦਾ।

ੴ ਵਾਹਿਗੁਰੂ ਜੀ ਕੀ ਫ਼ਤਹ ॥

ਸ੍ਰੀ ਅਕਾਲ ਤਖ਼ਤ ਸਾਹਿਬ

Sri Akal Takhat Sahib, Sri Amritsar (Pb.) India

ਨੰਬਰ ਰੇਖ਼:3/08/3143. ਮਿਤੀ 6-6-08

ਅੱਜ ਮਿਤੀ ੨੩ ਜੇਠ ਸੰਮਤ ਨਾਨਕਸ਼ਾਹੀ ੫੪੦ (੦੬ ਜੂਨ ੨੦੦੮) ਨੂੰ ਸ੍ਰੀ ਅਕਾਲ ਤਖਤ ਸਾਹਿਬ ਵਿਖੇ
ਪੰਜ ਸਿੰਘ ਸਾਹਿਬਾਨ ਦੀ ਇਕੱਤ੍ਰਤਾ ਵਿਚ ਪ੍ਰਵਾਨ ਕੀਤਾ ਗਿਆ

### ਗੁਰਮਤਾ - ੧

ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ 300 ਸਾਲਾ ਗੁਰਤਾ ਗੱਦੀ ਦਿਵਸ ਸਮੁੱਚੇ ਸਿੱਖ ਪੰਥ ਲਈ **"ਗੁਰੂ ਗਰੰਥ-ਗੁਰੂ ਪੰਥ"** ਦੇ ਸਿਧਾਂਤ ਪ੍ਰਤੀ ਵਚਨਬੱਧਤਾ ਪ੍ਰਗਟਾਉਣ ਦਾ ਸੁਨਹਿਰੀ ਮੌਕਾ ਹੈ। ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਅੰਤਿਮ ਹੁਕਮ **"ਸਭ ਸਿੱਖਨ ਕੋ ਹੁਕਮੁ ਹੈ ਗੁਰੂ ਮਾਨਿਉ ਗ੍ਰੰਥ"** 'ਤੇ ਸਿੱਖ ਪੰਥ ਅਮਲ ਕਰਦਿਆਂ ਹੋਇਆਂ ਹਮੇਸ਼ਾ ਹੀ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਆਪਣਾ ਜਾਗਤਿ ਜੋਤਿ ਸਤਿਗੁਰੂ ਸਵੀਕਾਰ ਕੇ ਦ੍ਰਿੜ੍ਹਤਾ ਸਹਿਤ ਪਹਿਰਾ ਦਿੰਦਾ ਆਇਆ ਹੈ। ਸਿੱਖ ਪੰਥ ਨੇ ਹਰ ਕੌਮੀ ਸੰਕਟ ਦੀ ਨਿਵ੍ਰਤੀ ਲਈ ਜੁਗੋ-ਜੁਗ ਅਟੱਲ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਤੋਂ ਰਹਿਨੁਮਾਈ ਗ੍ਰਹਿਣ ਕੀਤੀ ਹੈ। ਸ੍ਰੀ ਦਸਮ ਗ੍ਰੰਥ ਸਬੰਧੀ ਖੜਾ ਕੀਤਾ ਗਿਆ ਵਿਵਾਦ ਬਿਲਕੁਲ ਬੇਲੋੜਾ ਹੈ। ਸਿੱਖ ਪੰਥ ਵਲੋਂ ਦਸਮ ਗ੍ਰੰਥ ਦੀਆਂ ਜਿਨ੍ਹਾ ਰਚਨਾਵਾਂ ਨੂੰ ਸਿੱਖ ਰਹਿਤ ਮਰਯਾਦਾ, ਨਿਤਨੇਮ ਅਤੇ ਅੰਮ੍ਰਿਤ ਸੰਚਾਰ ਲਈ ਸਵੀਕਾਰ ਕੀਤਾ ਜਾ ਚੁੱਕਾ ਹੈ, ਉਨ੍ਹਾ ਬਾਰੇ ਕਿਸੇ ਨੂੰ ਵੀ ਵਾਦ-ਵਿਵਾਦ ਖੜਾ ਕਰਨ ਦਾ ਕੋਈ ਅਧਿਕਾਰ ਨਹੀ। ਸਮੁੱਚੇ ਸਿੱਖ ਪੰਥ ਨੂੰ ਵਿਦਿਤ ਹੋਵੇ ਕਿ ਸ੍ਰੀ ਦਸਮ ਗ੍ਰੰਥ ਸਿੱਖ ਪੰਥ ਦੇ ਸਾਹਿਤ ਅਤੇ ਇਤਿਹਾਸ ਦਾ ਅਨਿਖੜਵਾਂ ਅੰਗ ਹੈ, ਪਰ ਇਸ ਨੂੰ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਬਰਾਬਰ ਮਾਨਤਾ ਨਹੀ ਦਿੱਤੀ। ਆਪ ਜੀ ਵਲੋਂ ਗੁਰਤਾ ਗੱਦੀ ਕੇਵਲ ਅਤੇ ਕੇਵਲ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਮਿਲੀ ਹੈ, ਇਸ ਕਰਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਬਰਾਬਰ ਹੋਰ ਕਿਸੇ ਗ੍ਰੰਥ ਦਾ ਪ੍ਰਕਾਸ਼ ਨਹੀ ਕੀਤਾ ਜਾ ਸਕਦਾ।

ਜੋਗਿੰਦਰ ਸਿੰਘ
(ਜੋਗਿੰਦਰ ਸਿੰਘ)
ਜਥੇਦਾਰ

ਫ਼ੋਨ/ਫੈਕਸ ਦਫ਼ਤਰ : 91-183-2540820, ਪੀ.ਬੀ.ਐਕਸ : 91-183-2553957, 58, 59 ਐਕਸਟੈਨਸ਼ਨ : ਦਫ਼ਤਰ



ਇਕਬਾਲ ਸਿੰਘ, ਪਟਨਾ



ਜੋਤਿੰਦਰ ਸਿੰਘ, ਨਾਂਦੇੜ

**ਇੱਕ ਪਾਸੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਹੁਕਮ ਨੂੰ ਮੰਨਦਿਆਂ, ਸ੍ਰੀ ਅਕਾਲ ਤਖ਼ਤ 'ਤੇ ਪੇਸ਼ ਹੋਣ ਦੇ ਬਾਵਜੂਦ ਝੂਠੇ ਦੋਸ਼ ਤਹਿਤ ਪ੍ਰੋ. ਦਰਸ਼ਨ ਸਿੰਘ ਖ਼ਾਲਸਾ ਨੂੰ ਤਨਖਾਹੀਆ ਕਰਾਰ ਕਰ ਦਿੱਤਾ ਗਿਆ ਅਤੇ ਪੰਥ ਵਿੱਚੋਂ ਛੇਕ ਦਿੱਤਾ ਗਿਆ। ਜਦਕਿ ਦੂਜੇ ਪਾਸੇ ਉਹੀ ਲੋਕ ਸਿੰਘ ਸਾਹਿਬਾਨ ਵਿੱਚ ਸ਼ਾਮਲ ਹਨ ਜਿਹੜੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਹੁਕਮਨਾਮੇ ਤੇ ਮਰਯਾਦਾ ਨੂੰ ਬਿਲਕੁਲ ਬਾਗ਼ੀ ਹੋ ਕੇ ਚੁਣੌਤੀ ਦੇ ਰਹੇ ਹਨ। ਕੀ ਤਖ਼ਤਾਂ ਦੇ ਉਹ ਜੱਥੇਦਾਰ ਤਨਖਾਹੀਏ ਨਹੀਂ ਅਤੇ ਕੀ ਤਨਖਾਹੀਏ ਲੋਕ ਕਿਸੇ ਹੋਰ ਨੂੰ ਤਨਖਾਹ ਲਗਾ ਸਕਦੇ ਹਨ ?**

**ਸੰਗਤ ਆਪ ਫੈਸਲਾ ਕਰੇ ....**

## 19 ਜੂਨ 2008 ਨੂੰ 'ਸੰਤ ਸਮਾਜ' ਨੇ ਹੁਕਮਨਾਮੇ ਦੀ ਕਰੜੀ ਵਿਰੋਧਤਾ ਕੀਤੀ।

### ਦਸਮ ਗ੍ਰੰਥ ਸਬੰਧੀ ਸ੍ਰੀ ਅਕਾਲ ਤਖ਼ਤ ਸਾਹਿਬ ਦਾ ਫ਼ੈਸਲਾ ਪ੍ਰਵਾਨ ਨਹੀਂ
### ਸਿੰਘ ਸਹਿਬਾਨ ਦੀ ਚੋਣ, ਸੇਵਾ-ਮੁਕਤ ਕਰਨ ਅਤੇ ਅਧਿਕਾਰ ਖੇਤਰ ਤੈਅ ਹੋਵੇ



ਗੁਰਮਤਿ ਸਿਧਾਂਤ ਪ੍ਰਚਾਰਕ ਸੰਤ ਸਮਾਜ ਦੇ ਪ੍ਰਧਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ, ਸਕੱਤਰ ਜਨਰਲ ਸੰਤ ਪਰਮਜੀਤ ਸਿੰਘ ਮਾਹਿਲਪੁਰ ਅਤੇ ਸੰਤ ਸੁਖਚੈਨ ਸਿੰਘ ਧਰਮਪੁਰੇ ਵਾਲੇ ਜਲੰਧਰ ਵਿਖੇ ਪੱਤਰਕਾਰਾਂ ਨੂੰ ਸੰਬੋਧਨ ਕਰਦੇ ਹੋਏ। ਉਨ੍ਹਾਂ ਦੇ ਨਾਲ ਸੰਤ ਸਮਾਜ ਦੇ ਹੋਰ ਮੈਂਬਰ ਨਜ਼ਰ ਆ ਰਹੇ ਹਨ। ਤਸਵੀਰ: ਆਰ. ਐਨ. ਸਿੰਘ

ਐਚ. ਐਸ. ਬਾਵਾ

ਜਲੰਧਰ, 20 ਜੂਨ-ਗੁਰਮਤਿ ਸਿਧਾਂਤ ਪ੍ਰਚਾਰਕ ਸੰਤ ਸਮਾਜ ਨੇ ਅੱਜ ਵੱਖ-ਵੱਖ ਤਖ਼ਤਾਂ ਦੇ ਸਿੰਘ ਸਾਹਿਬਾਨ ਵਿਚਾਲੇ ਉਪਜੇ ਟਕਰਾਅ ਨੂੰ ਮੰਦਭਾਗਾ ਕਰਾਰ ਦਿੰਦਿਆਂ ਕਿਹਾ ਹੈ ਕਿ ਕੌਮ ਸੰਬੰਧੀ ਅਹਿਮ ਫ਼ੈਸਲੇ ਪੰਜਾਂ ਤਖ਼ਤਾਂ ਦੇ ਜਥੇਦਾਰ ਸਾਹਿਬਾਨ ਨੂੰ ਇਕਮੱਤ ਹੋ ਕੇ ਲੈਣੇ ਚਾਹੀਦੇ ਹਨ ਅਤੇ ਪੰਜ ਸਿੰਘ ਸਾਹਿਬਾਨ ਵੱਲੋਂ ਲਏ ਫ਼ੈਸਲੇ ਹੀ ਮੰਨਣਯੋਗ ਹਨ। ਤਖ਼ਤ ਸ੍ਰੀ ਪਟਨਾ ਸਾਹਿਬ ਦੇ ਜਥੇਦਾਰ ਗਿਆਨੀ ਇਕਬਾਲ ਸਿੰਘ ਅਤੇ ਤਖ਼ਤ ਸ੍ਰੀ ਹਜ਼ੂਰ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਬਾਬਾ ਕੁਲਵੰਤ ਸਿੰਘ ਵੱਲੋਂ ਸ੍ਰੀ ਅਕਾਲ ਤਖ਼ਤ ਦੇ ਫ਼ੈਸਲੇ ਰੱਦ ਕਰਨ ਦੀ ਕਾਰਵਾਈ ਨੂੰ ਸਿੱਧੇ ਅਤੇ ਸਪੱਸ਼ਟ ਤੌਰ 'ਤੇ ਜਾਇਜ਼ ਠਹਿਰਾਉਂਦਿਆਂ ਸੰਤ ਸਮਾਜ ਨੇ ਕਿਹਾ ਹੈ ਕਿ ਤਖ਼ਤ ਸ੍ਰੀ ਹਜ਼ੂਰ ਸਾਹਿਬ ਅਤੇ ਤਖ਼ਤ ਸ੍ਰੀ ਪਟਨਾ ਸਾਹਿਬ ਦੇ ਜਥੇਦਾਰਾਂ, ਸਮੂਹ ਸਿੱਖ ਸੰਪਰਦਾਵਾਂ ਅਤੇ ਨਿਹੰਗ ਸਿੰਘ ਜਥੇਬੰਦੀਆਂ ਨਾਲ ਵਿਚਾਰ ਵਟਾਂਦਰੇ ਤੋਂ ਬਿਨਾਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਨਾਲ ਕਿਸੇ ਹੋਰ ਗ੍ਰੰਥ ਦਾ ਪ੍ਰਕਾਸ਼ ਨਾ ਕੀਤੇ ਜਾਣ ਸੰਬੰਧੀ 6 ਜੂਨ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਕੀਤਾ ਗਿਆ ਫ਼ੈਸਲਾ ਕਿਸੇ ਤਰ੍ਹਾਂ ਵੀ ਪ੍ਰਵਾਨ ਕਰਨ ਯੋਗ ਨਹੀਂ ਹੈ।

**ਕੀ ਇਹ ਲੋਕ ਤਨਖਾਹੀਏ ਨਹੀਂ ਜਿਹੜੇ ਸਰ੍ਹੇਆਮ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਹੁਕਮਨਾਮੇ ਦਾ ਵਿਰੋਧ ਕਰਕੇ ਬਾਗ਼ੀ ਹੋਏ ਹਨ ?**

**ਇਨ੍ਹਾਂ 'ਤੇ ਕੋਈ ਕਾਰਵਾਈ ਕਿਉਂ ਨਹੀਂ ਹੋਈ ? ਸੰਗਤ ਪਛਾਣ ਕਰੇ ਕਿ ਇਹ ਸਭ ਕੁਝ ਕਿਸ ਸਾਜਸ਼ ਅਧੀਨ ਹੋ ਰਿਹਾ ਹੈ।**


## ਗੁਰੂ ਗ੍ਰੰਥ ਦਾ ਖ਼ਾਲਸਾ ਪੰਥ (ਯੂਨੀਵਰਸਲ)

ਮੁੱਖ ਦਫ਼ਤਰ : 29/56 ਵੈਸਟ ਪੰਜਾਬੀ ਬਾਗ, ਨਵੀਂ ਦਿੱਲੀ-26

ਈ-ਮੇਲ : ggdkpanth@gmail.com